ਡਿਪਟੀ ਕਮਿਸ਼ਨਰ ਵੱਲੋਂ ਸਿਵਲ ਅਤੇ ਮਿਲਟਰੀ ਲਾਈਜ਼ਨਿੰਗ 2017 ਸਬੰਧੀ ਆਰਮੀ ਅਫ਼ਸਰਾਂ ਅਤੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਨਾਲ ਵਿਸ਼ੇਸ਼ ਮੀਟਿੰਗ

ਕਸੂਰ ਨਾਲੇ ਨਾਲ ਕੀਤੇ ਗਏ ਨਜਾਇਜ਼ ਕਬਜ਼ਿਆਂ ਦੀ ਨਿਸ਼ਾਨਦੇਹੀ ਕਰਨ ਉਪਰੰਤ ਜਲਦੀ ਹਟਾਇਆ ਜਾਵੇਗਾ

ਤਰਨਤਾਰਨ, 24 ਨਵੰਬਰ :

ਸਿਵਲ ਅਤੇ ਮਿਲਟਰੀ ਲਾਈਜ਼ਨਿੰਗ 2017 ਸਬੰਧੀ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨਤਾਰਨ ਵਿਖੇ ਕਪੂਰਥਲਾ ਅਤੇ ਤਰਨਤਾਰਨ ਦੇ ਆਰਮੀ ਅਫ਼ਸਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਰਨਲ ਓੁਨੀ ਿਸ਼ਨਨ, ਮੇਜਰ ਚੇਤਨ ਪਾਂਡੇ, ਮੇਜਰ ਰਣਦੀਪ ਮਲਿਕ ਤੋਂ ਇਲਾਵਾ ਜ਼ਿਲ੍ਹਾ ਮਾਲ ਅਫ਼ਸਰ ਸ੍ਰੀ ਅਰਵਿੰਦਰਪਾਲ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਦੌਰਾਨ ਜ਼ਿਲ੍ਹਾ ਤਰਨਤਾਰਨ ਵਿੱਚ ਖੇਮਕਰਨ ਅਤੇ ਤਰਨਤਾਰਨ ਵਿਖੇ ਸਥਿਤ ਆਰਮੀ ਕੈਂਪਿੰਗ ਗਰਾਊਡ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਆਰਮੀ ਕੈਂਪਿੰਗ ਗਰਾਊਡ ਨੂੰ ਖਾਲੀ ਕਰਨ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇ। ਮੀਟਿੰਗ ਦੌਰਾਨ ਆਰਮੀ ਅਫ਼ਸਰਾਂ ਵੱਲੋਂ ਜ਼ਿਲ੍ਹਾ ਤਰਨਤਾਰਨ ਵਿੱਚੋਂ ਲੰਘਦੇ ਕਸੂਰ ਨਾਲੇ ਨਾਲ ਲੱਗਦੇ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਲਈ ਨਿਸ਼ਾਨਦੇਹੀ ਕਰਵਾਉਣ ਦਾ ਮੁੱਦਾ ਉਠਾਇਆ। ਜਿਸ ’ਤੇ ਡਿਪਟੀ ਕਮਿਸ਼ਨਰ ਵੱਲੋਂ ਸੰਬੰਧਿਤ ਐਸ.ਡੀ.ਐਮ. ਐਕਸੀਐਨ ਡਰੇਨਜ਼ ਅਤੇ ਆਰਮੀ ਦੇ ਪ੍ਰਤੀਨਿਧਾਂ ’ਤੇ ਆਧਾਰਿਤ ਕਮੇਟੀ ਦਾ ਗਠਨ ਕੀਤਾ ਗਿਆ ਜੋ ਕਿ ਕਸੂਰ ਨਾਲੇ ਨਾਲ ਲੱਗਦੀਆਂ ਉਨ੍ਹਾਂ ਥਾਵਾਂ ਦੀ ਪਹਿਚਾਣ ਕਰੇਗੀ ਜਿਥੇ ਨਜਾਇਜ਼ ਕਬਜ਼ੇ ਕੀਤੇ ਗਏ ਹਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਸੂਰ ਨਾਲੇ ਵਿੱਚ ਲੋਕਾਂ ਵੱਲੋਂ ਕੀਤੇ ਗਏ ਨਜਾਇਜ਼ ਕਬਜ਼ਿਆਂ ਸਬੰਧੀ ਨਿਸ਼ਾਨਦੇਹੀ ਕਰਨ ਉਪਰੰਤ ਇਨ੍ਹਾਂ ਨੂੰ ਜਲਦ ਤੋਂ ਜਲਦ ਹਟਾਇਆ ਜਾਵੇਗਾ।

---------------------